ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਾਏ ਕਰਫਿਊ ਦੌਰਾਨ ਨਿਯਮਾਂ ਦੀ ਉਲੰਘਣਾ ਦੇ ਦੋਸ਼ ਹੇਠ ਹੁਣ ਤੱਕ 311 ਕੇਸ ਦਰਜ

502 ਮੁਲਜ਼ਮ ਗ੍ਰਿਫ਼ਤਾਰ ਤੇ 172 ਵਾਹਨ ਜ਼ਬਤ

ਕੋਵਿਡ-19 ਸਬੰਧੀ ਅਫ਼ਵਾਹਾਂ ਫੈਲਾਉਣ ਤੇ ਗੁਮਰਾਹ ਕਰਨ ਵਾਲੀ ਜਾਣਕਾਰੀ ਸਾਂਝੀ ਕਰਨ ਸਬੰਧੀ 09 ਕੇਸ ਦਰਜ

ਫ਼ਤਹਿਗੜ੍ਹ ਸਾਹਿਬ, 05 ਮਈ :

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹੇ ਵਿੱਚ ਲਾਏ ਗਏ ਕਰਫਿਊ ਦੌਰਾਨ ਹੁਣ ਤੱਕ ਨਿਯਮਾਂ ਦੀ ਉਲੰਘਣਾ ਸਬੰਧੀ 311 ਕੇਸ ਦਰਜ ਕੀਤੇ ਗਏ ਹਨ, ਜਿਨ੍ਹਾਂ ਵਿੱਚ ਕਰਫਿਊ ਦੀ ਉਲੰਘਣਾ ਦੇ 301 ਕੇਸ ਸ਼ਾਮਲ ਹਨ ਤੇ 502 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਕੁੱਲ 172 ਵਾਹਨ ਜ਼ਬਤ ਕੀਤੇ ਗਏ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਿਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਕੋਵਿਡ-19 ਸਬੰਧੀ ਅਫ਼ਵਾਹਾਂ ਫੈਲਾਉਣ ਤੇ ਗੁਮਰਾਹ ਕਰਨ ਵਾਲੀ ਜਾਣਕਾਰੀ ਸਾਂਝੀ ਕਰਨ ਸਬੰਧੀ 09 ਕੇਸ ਦਰਜ ਕੀਤੇ ਗਏ ਹਨ। ਪੁਲਿਸ ਪਾਰਟੀ 'ਤੇ ਹਮਲਾ ਕਰਨ ਦਾ ਵੀ 01 ਕੇਸ ਦਰਜ ਕੀਤਾ ਗਿਆ ਹੈ।
ਸ੍ਰੀਮਤੀ ਕੌਂਡਲ ਨੇ ਦੱਸਿਆ ਕਿ ਟਰੈਫਿਕ ਸਬੰਧੀ 473 ਵਾਹਨਾਂ ਦੇ ਚਲਾਨ ਕੀਤੇ  ਗਏ ਹਨ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੁਲਿਸ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਫਰੰਟ ਲਾਈਨ 'ਤੇ ਡਿਊਟੀਆਂ ਨਿਭਾਈਆਂ ਜਾ ਰਹੀਆਂ ਹਨ ਅਤੇ ਵੱਖ-ਵੱਖ ਥਾਵਾਂ 'ਤੇ ਪੁਲਿਸ ਵੱਲੋਂ ਨਾਕੇ ਲਗਾਏ ਗਏ ਹਨ ਤਾਂ ਜੋ ਸਰਕਾਰ ਦੀਆਂ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਈ ਜਾ ਸਕੇ।

ਸ੍ਰੀਮਤੀ ਕੌਂਡਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਕੈਪਸ਼ਨ: ਜ਼ਿਲ੍ਹਾ ਪੁਲੀਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ, ਕੋਰੋਨਾ ਨੂੰ ਫੈਲਣ ਤੋਂ ਰੋਕਣ ਲਈ ਲਾਏ ਕਰਫਿਊ ਦੌਰਾਨ ਦਰਜ ਕੀਤੇ ਕੇਸਾਂ ਬਾਰੇ ਜਾਣਕਾਰੀ ਦਿੰਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਖ਼ਿਲਾਫ਼ ਜੰਗ: ਇਕਾਂਤਵਾਸ ਕੀਤੇ ਲੋਕਾਂ ਨੂੰ ਨਹੀਂ ਆਉਣ ਦਿੱਤੀ ਜਾ ਰਹੀ ਕੋਈ ਦਿੱਕਤ

ਇਕਾਂਤਵਾਸ ਵਿਅਕਤੀਆਂ ਵੱਲੋਂ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ 'ਤੇ ਤਸੱਲੀ ਦਾ ਪ੍ਰਗਟਾਵਾ

ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਫ਼ਤਹਿਗੜ੍ਹ ਸਾਹਿਬ/ਮੰਡੀ ਗੋਬਿੰਦਗੜ੍ਹ, 05 ਮਈ

ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਕੋਰੋਨਾ ਤੋਂ ਬਚਾਅ ਸਬੰਧੀ ਇਕਾਂਤਵਾਸ ਕੀਤੇ ਵਿਅਕਤੀਆਂ ਨੂੰ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤੇ ਕਿਸੇ ਨੂੰ ਵੀ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਇਕਾਂਤਵਾਸ ਕੀਤੇ ਵਿਅਕਤੀਆਂ ਨਾਲ ਰਾਬਤਾ ਰੱਖਿਆ ਹੋਇਆ ਹੈ ਤੇ ਜਦੋਂ ਵੀ ਕਿਤੇ ਕਿਸੇ ਨੂੰ ਕੋਈ ਵੀ ਲੋੜ ਪੈਂਦੀ ਹੈ ਤਾਂ ਉਹ ਫੌਰੀ ਪੂਰੀ ਕੀਤੀ ਜਾਂਦੀ ਹੈ।

ਦੇਸ਼ ਭਗਤ ਨਸ਼ਾ ਛੁਡਾਊ ਤੇ ਮੁੜਵਸੇਬਾ ਕੇਂਦਰ, ਮੰਡੀ ਗੋਬਿੰਦਗੜ੍ਹ ਵਿਖੇ ਇਕਾਂਤਵਾਸ ਕੀਤੇ ਵੱਖ-ਵੱਖ ਸੂਬਿਆਂ ਤੋਂ ਆਏ ਵਿਅਕਤੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਲਈ ਕੀਤੇ ਪ੍ਰਬੰਧਾਂ ਵਾਸਤੇ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਇੱਥੇ ਇਕਾਂਤਵਾਸ ਵਿੱਚ ਰਹਿ ਰਹੇ ਅਮਲੋਹ ਦੇ ਵਸਨੀਕ ਪਵਿੱਤਰ ਸਿੰਘ ਨੇ ਦੱਸਿਆ ਕਿ ਉਹ ਕਣਕ ਦੇ ਸੀਜ਼ਨ ਲਈ ਮੱਧ ਪ੍ਰਦੇਸ਼ ਗਿਆ ਸੀ ਤੇ ਵਾਪਸੀ ਉਪਰੰਤ ਉਸ ਨੂੰ ਕੋਰੋਨਾ ਤੋਂ ਬਚਾਅ ਸਬੰਧੀ ਇਕਾਂਤਵਾਸ ਕੀਤਾ ਗਿਆ ਹੈ। ਉਸ ਨੇ ਦੱਸਿਆ ਕਿ  ਪੰਜਾਬ ਸਰਕਾਰ ਨੇ ਉਨ੍ਹਾਂ ਦੇ ਇੱਥੇ ਰਹਿਣ ਲਈ ਬਹੁਤ ਹੀ ਵਧੀਆ ਪ੍ਰਬੰਧ ਕੀਤੇ ਹਨ। ਉਨ੍ਹਾਂ ਨੂੰ ਖਾਣ ਪੀਣ ਦੀਆਂ ਵਸਤਾਂ ਵੇਲੇ ਸਿਰ ਮੁਹੱਈਆ ਕਰਵਾਈਆਂ ਜਾਂਦੀਆਂ ਹਨ ਅਤੇ ਸਾਫ ਸਫਾਈ ਦਾ ਵੀ ਖਾਸ ਖਿਆਲ ਰੱਖਿਆ ਜਾਂਦਾ ਹੈ, ਜਿਸ ਸਦਕਾ ਇਕਾਂਤਵਾਸ ਦੌਰਾਨ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆ ਰਹੀ। ਇਨ੍ਹਾਂ ਸਾਰੇ ਪ੍ਰਬੰਧਾਂ ਲਈ  ਉਹ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦਾ ਧੰਨਵਾਦੀ ਹੈ।

ਇਸ ਸਬੰਧੀ ਵਧੇਰੇ ਗੱਲਬਾਤ ਕਰਦਿਆਂ ਐਸ.ਡੀ.ਐਮ. ਅਮਲੋਹ, ਸ਼੍ਰੀ ਆਨੰਦ ਸਾਗਰ ਸ਼ਰਮਾ ਨੇ ਦੱਸਿਆ ਕਿ ਦੇਸ਼ ਭਗਤ, ਨਸ਼ਾ ਛੁਡਾਊ ਤੇ ਮੁੜਵਸੇਬਾ ਕੇਂਦਰ ਵਿਖੇ ਬਾਹਰਲੇ ਸੂਬਿਆਂ ਤੋਂ ਆਏ ਜਿਹੜੇ ਲੋਕਾਂ ਨੂੰ ਇਕਾਂਤਵਾਸ ਕੀਤਾ ਗਿਆ ਹੈ, ਉਨ੍ਹਾਂ ਵਿੱਚ ਬਹੁਤੇ ਉਹ ਵਿਅਕਤੀ ਹਨ, ਜੋ ਕਣਕ ਦੇ ਸੀਜ਼ਨ ਲਈ ਹੋਰਨਾਂ ਸੂਬਿਆਂ ਵਿੱਚ ਗਏ ਸਨ। ਉਨ੍ਹਾਂ ਦੱਸਿਆ ਕਿ ਇੱਥੇ ਇਕਾਂਤਵਾਸ ਕੀਤੇ ਵਿਅਕਤੀਆਂ ਦੀ ਹਰ ਲੋੜ ਦਾ ਖਿਆਲ ਰੱਖਿਆ ਜਾ ਰਿਹਾ ਹੈ ਅਤੇ ਨਿਯਮਤ ਤੌਰ 'ਤੇ ਸੈਨੇਟਾਈਜੇਸ਼ਨ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਾਰਜਸਾਧਕ ਅਫਸਰ, ਅਮਲੋਹ ਅਮਨਦੀਪ ਸਿੰਘ, ਇਕਾਂਤਵਾਸ ਕੀਤੇ ਲੋਕਾਂ ਲਈ ਕੀਤੇ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਵਿਡ-19 ਨਾਲ ਲੜਨ ਲਈ ਇਮਿਊਨਿਟੀ ਦੀ ਮਜ਼ਬੂਤੀ ਵਾਸਤੇ ਹੋਮਿਓਪੈਥਿਕ ਦਵਾਈ ਵੰਡਣ ਦੀ ਸ਼ੁਰੂਆਤ

ਜ਼ਿਲ੍ਹਾ ਹਸਪਤਾਲ ਵਿਖੇ ਵੰਡੀ ਗਈ ਦਵਾਈ

ਫਤਹਿਗੜ੍ਹ ਸਾਹਿਬ, 05 ਮਈ

ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾ. ਰੁਪਿੰਦਰ ਕੌਰ ਦੀ ਅਗਵਾਈ ਵਿੱਚ ਜ਼ਿਲ੍ਹਾ ਹਸਪਤਾਲ, ਫਤਹਿਗੜ੍ਹ ਸਾਹਿਬ ਦੇ ਹੋਮਿਓਪੈਥਿਕ ਵਿਭਾਗ ਵਿਖੇ ਕੋਵਿਡ-19 ਨਾਲ ਲੜਨ ਲਈ ਇਮਿਊਨਿਟੀ ਦੀ ਮਜ਼ਬੂਤੀ ਦੀ ਮਜ਼ਬੂਤੀ ਵਾਸਤੇ ਹੋਮਿਓਪੈਥਿਕ ਦਵਾਈ ਆਰਸੈਨਿਕ ਐਲਬਮ-30 ਵੰਡਣ ਦੀ ਸ਼ੁਰੂਆਤ ਕੀਤੀ ਗਈ ਅਤੇ ਲੋਕਾਂ ਨੂੰ ਇਹ ਦਵਾਈ ਜ਼ਿਲ੍ਹਾ ਹਸਪਤਾਲ, ਫਤਹਿਗੜ੍ਹ ਸਾਹਿਬ ਤੋਂ ਲੈਣ ਦੀ ਅਪੀਲ ਵੀ ਕੀਤੀ ਗਈ।

ਇਸ ਮੌਕੇ ਡਾ. ਨੀਲ ਕਮਲ ਤੇ ਡਾਕਟਰ ਜਸਵਿੰਦਰ ਕੌਰ ਨੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਵਿਅਕਤੀ ਦੀ ਇਮਿਊਨਿਟੀ ਮਜ਼ਬੂਤ ਹੋਣੀ ਚਾਹੀਦੀ ਹੈ ਅਤੇ ਹੋਮਿਓਪੈਥੀ ਵਿੱਚ ਅਜਿਹੀਆਂ ਦਵਾਈਆਂ ਹਨ, ਜੋ ਇਮਿਊਨਿਟੀ ਮਜ਼ਬੂਤ ਕਰਦੀਆਂ ਹਨ। ਇਸ ਮੌਕੇ ਸਰਬਜੀਤ ਕੌਰ, ਪਰਮਜੀਤ ਕੌਰ ਤੋਂ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਸੰਯੁਕਤ ਡਾਇਰੈਕਟਰ ਨੇ ਮਗਨਰੇਗਾ ਤਹਿਤ ਚੱਲ ਰਹੇ ਕੰਮਾਂ ਦਾ ਲਿਆ ਜਾਇਜ਼ਾ

ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਹਦਾਇਤਾਂ ਦੀ ਕੀਤੀ ਜਾ ਰਹੀ ਹੈ ਪਾਲਣਾ

ਫ਼ਤਹਿਗੜ੍ਹ ਸਾਹਿਬ, 05 ਮਈ

ਰੂਰਲ ਵਰਕਰਾਂ ਨੂੰ ਪਿੰਡਾਂ ਵਿੱਚ ਹੀ ਰੁਜ਼ਗਾਰ ਮਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਮਗਨਰੇਗਾ ਤਹਿਤ ਕੋਵਿਡ-19 ਤੋਂ ਬਚਾਅ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਵਿਕਾਸ ਕਾਰਜ ਸ਼ੁਰੂ ਕਰਵਾਉਣ ਦੀ ਐਡਵਾਈਜ਼ਰੀ ਜਾਰੀ ਕੀਤੀ ਹੈ, ਜਿਸ ਤਹਿਤ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਣ ਲਈ ਸ੍ਰੀ ਅਵਤਾਰ ਸਿੰਘ ਭੁੱਲਰ, ਸੰਯੁਕਤ ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ ਵੱਲੋਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਬਲਾਕ ਸਰਹਿੰਦ ਦੀ ਗ੍ਰਾਮ ਪੰਚਾਇਤ ਬੁਚੜੇ ਵਿੱਚ ਚੱਲ ਰਹੇ ਕਰੀਬ 04 ਕਿਲੋਮੀਟਰ ਨਹਿਰੀ ਰਜਵਾਹੇ ਦੇ ਸਫਾਈ ਦੇ ਕੰਮ ਦਾ (ਜਿੱਥੇ ਮੌਕੇ ਉਤੇ 29 ਮਗਨਰੇਗਾ ਵਰਕਰ ਕੰਮ ਕਰ ਰਹੇ ਸਨ) ਦਾ ਜਾਇਜ਼ਾ ਲਿਆ ਗਿਆ।
ਇਸ ਮੌਕੇ ਸ੍ਰੀ ਅਮਰੀਕ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਫਤਹਿਗੜ੍ਹ ਸਾਹਿਬ ਨੇ ਦੱਸਿਆ ਕਿ ਇਸ ਪ੍ਰੋਜੈਕਟ ਉਤੇ 05.26 ਲੱਖ ਰੁਪਏ ਖਰਚ ਕਰ ਕੇ ਅਨੁਮਾਨਿਤ 2,000 ਦਿਹਾੜੀਆਂ ਲੱਗਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਵੇਂ ਪ੍ਰਕਾਸ਼ ਪੂਰਵ ਸਬੰਧੀ (ਸਾਲ 2019-20 ਵਿੱਚ) ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੀਆਂ ਸਮੂਹ ਗ੍ਰਾਮ ਪੰਚਾਇਤਾਂ ਵਿੱਚ ਕੁੱਲ 2,35,400 ਬੂਟੇ ਲਗਾਏ ਸਨ, ਜਿਨ੍ਹਾਂ ਦੀ ਸਾਂਭ-ਸੰਭਾਲ ਲਈ ਮਗਨਰੇਗਾ ਸਕੀਮ ਅਧੀਨ ਕੁੱਲ 1,096 ਵਣ ਮਿੱਤਰ ਨਿਯੁਕਤ ਕੀਤੇ ਗਏ ਹਨ, ਜੋ ਇਨ੍ਹਾਂ ਦੀ ਸਾਂਭ ਸੰਭਾਲ ਕਰ ਰਹੇ ਹਨ।
ਜ਼ਿਲ੍ਹੇ ਵਿੱਚ ਕਰਵਾਏ ਜਾ ਰਹੇ ਕੰਮਾਂ ਦੌਰਾਨ ਸੋਸ਼ਲ ਡਿਸਟੈਂਸ, ਹੱਥ ਧੋਣ ਆਦਿ ਦੀ ਪਾਲਣਾ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ। ਸੰਯੁਕਤ ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ ਵੱਲੋਂ ਚੱਲ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਆਯੂਸ਼ ਗੁਪਤਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸਰਹਿੰਦ ਅਤੇ ਹੋਰ ਮਗਨਰੇਗਾ ਸਟਾਫ ਹਾਜ਼ਰ ਸੀ।
ਕੈਪਸ਼ਨ: ਸ੍ਰੀ ਅਵਤਾਰ ਸਿੰਘ ਭੁੱਲਰ, ਸੰਯੁਕਤ ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਮਗਨਰੇਗਾ ਤਹਿਤ ਕਰਵਾਏ ਜਾ ਰਹੇ ਕੰਮਾਂ ਦਾ ਜਾਇਜ਼ਾ ਲੈਂਦੇ ਹੋਏ।ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਮਰੀਕ ਸਿੰਘ ਸਿੱਧੂ ਵੀ ਦਿਖਾਈ ਦੇ ਰਹੇ ਹਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਓਟ ਕਲੀਨਿਕ ਸਬੰਧੀ ਮਰੀਜ਼ਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਕੀਤਾ  ਜਾਗਰੂਕ

ਐਸ.ਐਮ.ਓ. ਡਾ. ਰਮਿੰਦਰ ਕੌਰ ਵਾਲੀਆ ਦੀ ਅਗਵਾਈ ਵਿੱਚ ਕੀਤਾ ਉਪਰਾਲਾ

ਫ਼ਤਹਿਗੜ੍ਹ ਸਾਹਿਬ, 05 ਮਈ :

ਮੁਢਲਾ ਸਿਹਤ ਕੇਂਦਰ, ਚਨਾਰਥਲ ਕਲਾਂ ਦੇ ਐਸ.ਐਮ.ਓ. ਡਾ. ਰਮਿੰਦਰ ਕੌਰ ਵਾਲੀਆ ਵੱਲੋਂ ਓਟ ਕਲੀਨਿਕ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਜ਼ਰੂਰੀ ਸਾਵਧਾਨੀਆਂ ਅਪਣਾਉਣ ਬਾਰੇ ਜਾਗਰੂਕ ਕੀਤਾ ਗਿਆ ਤਾਂ ਜੋ ਇਸ ਖਤਰਨਾਕ ਮਹਾਂਮਾਰੀ ਤੋਂ ਬਚਿਆ ਜਾ ਸਕੇ। ਇਸ ਮੌਕੇ ਡਾ. ਰਮਿੰਦਰ ਕੌਰ ਵਾਲੀਆ ਨੇ ਕਿਹਾ ਕਿ ਲੋਕਾਂ ਨੂੰ ਆਪਣੇ ਘਰਾਂ ਦੀ ਸਾਫ ਸਫਾਈ ਵੱਲ ਵੱਧ ਤੋਂ ਵੱਧ ਧਿਆਨ ਦੇਣਾ ਚਾਹੀਦਾ ਹੈ ਤੇ ਪੌਸ਼ਟਿਕ ਖੁਰਾਕ ਖਾਣੀ ਚਾਹੀਦੀ ਹੈ। ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਣਾ ਚਾਹੀਦਾ ਹੈ।

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਅਤਿ ਜ਼ਰੂਰੀ ਕੰਮ ਲਈ ਹੀ ਘਰਾਂ 'ਚੋਂ ਬਾਹਰ ਨਿਕਲਣ ਅਤੇ ਘਰੋਂ ਬਾਹਰ ਨਿਕਲਦੇ ਸਮੇਂ ਆਪਣੇ ਮੂੰਹ ਤੇ ਨੱਕ ਨੂੰ ਢਕਣ ਦੇ ਨਾਲ ਨਾਲ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ। ਇਸ ਮੌਕੇ ਬੀ.ਈ.ਈ. ਜਸਵਿੰਦਰ ਕੌਰ, ਅਲਪਿੰਦਰ ਸਿੰਘ ਵੀ ਹਾਜ਼ਰ ਸਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਵਿਚਲੀਆਂ ਸਾਰੀਆਂ ਉਦਯੋਗਿਕ ਇਕਾਈਆਂ/ਫੈਕਟਰੀਆਂ ਨੂੰ ਸ਼ਰਤਾਂ ਦੇ ਆਧਾਰ 'ਤੇ ਖੋਲ੍ਹਣ ਦੀ ਪ੍ਰਵਾਨਗੀ

ਨਿਯਮਾਂ ਦੀ ਉਲੰਘਣਾ 'ਤੇ ਸਬੰਧਤ ਉਦਯੋਗਿਕ ਇਕਾਈ ਦੇ ਮਾਲਕ ਖ਼ਿਲਾਫ਼ ਹੋਵੇਗੀ ਕਾਰਵਾਈ

ਫ਼ਤਹਿਗੜ੍ਹ ਸਾਹਿਬ, 05 ਮਈ

ਜ਼ਿਲ੍ਹਾ ਮੈਜਿਸਟਰੇਟ, ਫ਼ਤਹਿਗੜ੍ਹ ਸਾਹਿਬ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਵੱਲੋਂ ਫੌਜਦਾਰੀ ਜ਼ਾਬਤਾ ਸੰਘਤਾ 1973 (2 ਆਫ 1974) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਦੇ ਅੰਦਰ ਕਰਫਿਊ ਲਗਾਇਆ ਗਿਆ ਸੀ, ਜੋ ਕਿ ਅਗਲੇ ਹੁਕਮਾਂ ਤੱਕ ਲਾਗੂ ਰਹੇਗਾ ਪਰ ਇਸੇ ਦੌਰਾਨ ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹੇ ਵਿਚਲੇ ਪਰਵਾਸੀ ਮਜ਼ਦੂਰਾਂ ਵੱਲੋਂ ਆਪਣੀ ਪੱਕੀ ਰਿਹਾਇਸ਼ ਵਾਲੇ ਸਥਾਨਾਂ 'ਤੇ ਵਾਪਸੀ ਕੀਤੀ ਜਾ ਰਹੀ ਹੈ, ਜਿਸ ਦਾ ਜ਼ਿਲ੍ਹੇ ਦੇ ਅੰਦਰ ਪੈਂਦੀਆਂ ਉਦਯੋਗਿਕ ਇਕਾਈਆਂ ਨੂੰ ਨੁਕਸਾਨ ਹੋ ਸਕਦਾ ਹੈ। ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹੇ ਦੇ ਅੰਦਰ ਪੈਂਦੀਆਂ ਉਦਯੋਗਿਕ ਇਕਾਈਆਂ ਨੂੰ ਕੰਮ ਲਈ ਖੋਲ੍ਹਣਾ ਸਮੇਂ ਦੀ ਅਹਿਮ ਲੋੜ ਹੈ।

ਪਹਿਲੇ ਪੜਾਅ ਵਿੱਚ ਉਦਯੋਗ ਨਾਲ ਸਬੰਧਤ ਕੁਝ ਸੈਕਟਰਾਂ ਨੂੰ ਛੋਟਾਂ ਦੇਣ ਦਾ ਫੈਸਲਾ ਲਿਆ ਗਿਆ ਸੀ, ਜਿਸ ਦੀ ਲਗਾਤਾਰਤਾ ਵਿੱਚ ਹੁਣ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਦੇ ਅੰਦਰ ਪੈਂਦੀਆਂ ਸਾਰੀਆਂ ਉਦਯੋਗਿਕ ਇਕਾਈਆਂ/ਫੈਕਟਰੀਆਂ ਨੂੰ ਖੋਲ੍ਹਣ ਦੀ ਪ੍ਰਵਾਨਗੀ ਇਨ੍ਹਾਂ ਸ਼ਰਤਾਂ 'ਤੇ ਦਿੱਤੀ ਜਾਂਦੀ ਹੈ ਕਿ ਜ਼ਿਲ੍ਹੇ ਅੰਦਰ ਸਥਿਤ ਹਰ ਇੱਕ ਉਦਯੋਗਿਕ ਇਕਾਈ ਵਿੱਚ ਸਥਿਤ ਮਸ਼ੀਨਰੀ/ਫਰਸ਼/ਫੈਕਟਰੀ ਦੇ ਮੇਨ ਗੇਟ/ਕੰਟੀਨ/ਮੀਟਿੰਗ ਰੂਮ/ਕਾਨਫਰੰਸ ਹਾਲ/ ਲਿਫਟਾਂ/ ਔਜ਼ਾਰ/ ਬਾਥਰੂਮ/ ਪਖਾਨੇ/ ਪੀਣ ਵਾਲੇ ਪਾਣੀ ਦੀਆਂ ਥਾਵਾਂ ਨੂੰ ਵਾਰ-ਵਾਰ ਡਿਸਇਨਫੈਕਟ ਕੀਤਾ ਜਾਣਾ ਲਾਜ਼ਮੀ ਹੋਵੇਗਾ।

ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹੇ ਅੰਦਰ ਸਥਿਤ ਹਰ ਇਕ ਉਦਯੋਗਿਕ ਇਕਾਈ ਦੇ ਅੰਦਰ ਜੋ ਵੀ ਵਰਕਰ/ਲੇਬਰ/ਕਰਮਚਾਰੀ ਫੈਕਟਰੀ ਵਿੱਚ ਕੰਮ ਲਈ ਆਪਣੇ ਜਿਸ ਵਾਹਨ(ਦੋ ਪਹੀਆ/ਚਾਰ ਪਹੀਆ) 'ਤੇ ਕੰਮ 'ਤੇ ਆਉਂਦਾ ਹੈ, ਫੈਕਟਰੀ ਵੱਲੋਂ ਸਬੰਧਤ ਵਾਹਨ ਨੂੰ ਡਿਸਇਨਫੈਕਟ ਕਰਨ ਦੀ ਲਾਜ਼ਮੀ ਹੋਵੇਗਾ। ਜ਼ਿਲ੍ਹੇ ਅੰਦਰ ਸਥਿਤ ਹਰ ਇਕ ਉਦਯੋਗਿਕ ਇਕਾਈ ਵਿੱਚ ਕੰਮ ਕਰਨ ਵਾਲੇ ਲੇਬਰ/ਕਰਮਚਾਰੀ ਦਾ ਮੈਡੀਕਲ ਬੀਮਾ ਕਰਾਉਣਾ ਉਦਯੋਗਿਕ ਇਕਾਈ ਦੇ ਮਾਲਕ ਦੀ ਜ਼ਿੰਮੇਵਾਰੀ ਹੋਵੇਗੀ। ਜ਼ਿਲ੍ਹੇ ਅੰਦਰ ਸਥਿਤ ਹਰ ਇਕ ਉਦਯੋਗਿਕ ਇਕਾਈ ਅੰਦਰ ਵੱਡੇ ਇਕੱਠ ਦੀ ਮਨਾਹੀ ਹੋਵੇਗੀ । 10 ਜਾਂ 10 ਤੋਂ ਜ਼ਿਆਦਾ ਵਿਅਕਤੀਆਂ ਦਾ ਇਕ ਸਮੇਂ 'ਤੇ ਇਕੱਠ ਨਹੀਂ ਕੀਤਾ ਜਾ ਸਕੇਗਾ।

ਜ਼ਿਲ੍ਹੇ ਅੰਦਰ ਸਥਿਤ ਹਰ ਇਕ ਉਦਯੋਗਿਕ ਇਕਾਈ ਅੰਦਰ ਲਗਾਈਆਂ ਗਈਆਂ ਲਿਫਟਾਂ ਵਿੱਚ 02 ਜਾਂ 04 (ਲਿਫਟ ਦੇ ਸਾਈਜ਼ ਮੁਤਾਬਿਕ ਭਾਵ ਛੋਟੀ ਲਿਫਟ ਵਿੱਚ 02 ਅਤੇ ਵੱਡੀ ਲਿਫਟ ਵਿਚ 04) ਵਿਅਕਤੀਆਂ ਤੋਂ ਜ਼ਿਆਦਾ ਵਿਅਕਤੀਆਂ ਦੇ ਚੜ੍ਹਨ ਦੀ ਮਨਾਹੀ ਹੋਵੇਗੀ। ਪੌੜੀਆਂ ਦੀ ਵਰਤੋਂ ਕਰਨ ਨੂੰ ਤਰਜੀਹ ਦਿੱਤੀ ਜਾਵੇ। ਜ਼ਿਲ੍ਹੇ ਅੰਦਰ ਸਥਿਤ ਹਰ ਇਕ ਉਦਯੋਗਿਕ ਇਕਾਈ ਵਿੱਚ ਬਿਨਾਂ ਕਿਸੇ ਜ਼ਰੂਰਤ ਦੇ ਕਿਸੇ ਵੀ ਵਿਅਕਤੀ ਦਾ ਦਾਖਲ ਹੋਣਾ ਵਰਜਿਤ ਹੋਵੇਗਾ।ਜ਼ਿਲ੍ਹੇ ਅੰਦਰ ਸਥਿਤ ਹਰ ਇਕ ਉਦਯੋਗਿਕ ਇਕਾਈ ਦੇ ਨਜ਼ਦੀਕ ਜੋ ਵੀ ਹਸਪਤਾਲ/ਕਲੀਨਿਕ ਆਦਿ ਵਿੱਚ ਕੰਮ ਕਰਦੇ ਡਾਕਟਰ/ਨਰਸਿਜ਼ ਜਿਨ੍ਹਾਂ ਨੂੰ ਕੋਵਿਡ-19 ਮਹਾਂਮਾਰੀ ਸਬੰਧੀ ਪੂਰਨ ਗਿਆਨ ਹੋਵੇ, ਦੀ ਸ਼ਨਾਖਤ ਕੀਤੀ ਜਾਵੇ ਅਤੇ ਇਨ੍ਹਾਂ ਹਸਪਤਾਲਾ/ਕਲੀਨਿਕਾਂ ਦੀ ਲਿਸਟ ਉਦਯੋਗਿਕ ਇਕਾਈ ਅੰਦਰ ਹੋਣੀ ਲਾਜ਼ਮੀ ਹੋਵੇਗੀ।

ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹੇ ਅੰਦਰ ਸਥਿਤ ਉਦਯੋਗਿਕ ਇਕਾਈਆਂ ਵਿੱਚ ਕੰਮ ਕਰਨ ਵਾਲੀ ਲੇਬਰ ਲਈ ਸ਼ਾਮ ਦੇ 07:00 ਵਜੇ ਤੋਂ ਲੈ ਕੇ ਸਵੇਰ ਦੇ 07:00 ਵਜੇ ਤੱਕ ਉਦਯੋਗਿਕ ਇਕਾਈ ਤੋਂ ਬਾਹਰ ਘੁੰਮਣ ਫਿਰਨ ਤੇ ਮਨਾਹੀ ਹੋਵੇਗੀ। ਉਦਯੋਗਾਂ ਦੇ ਮਾਲਕਾਂ ਦੀ ਇਹ ਜ਼ਿੰਮੇਵਾਰੀ ਹੋਵੇਗੀ ਕਿ ਕੋਵਿਡ-19 ਸਬੰਧੀ ਸਮੇਂ-ਸਮੇਂ ਸਿਰ ਜਾਰੀ ਗਾਇਡਲਾਇਨਜ਼/ਅਡਵਾਇਜ਼ਰੀ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਲੇਬਰ/ਸਟਾਫ ਨੂੰ ਮਾਸਕ, ਦਸਤਾਨੇ ਅਤੇ ਸੈਨੀਟਾਇਜ਼ਰ ਮੁਹੱਈਆ ਕਰਵਾਉਣਗੇ ਅਤੇ ਇਹ ਯਕੀਨੀ ਬਣਾਉਣਗੇ ਕਿ ਉਹ ਆਪਸ ਵਿੱਚ 1.5 ਤੋ 2 ਮੀਟਿਰ ਦੀ ਦੂਰੀ ਬਣਾਕੇ ਰੱਖਣ ਅਤੇ ਮਾਸਕ ਅਤੇ ਦਸਤਾਨੇ ਪਾ ਕੇ ਰੱਖਣ।

ਸਬੰਧਤ ਉਦਯੋਗਿਕ ਇਕਾਈਆਂ ਦੀ ਸਮੇਂ-ਸਮੇਂ ਸਿਰ ਵੱਖ-ਵੱਖ ਅਧਿਕਾਰੀਆਂ ਵੱਲੋਂ ਚੈਕਿੰਗ ਕੀਤੀ ਜਾਵੇਗੀ ਅਤੇ ਜੇਕਰ ਕਿਸੇ ਸਮੇਂ ਚੈਕਿੰਗ ਦੋਰਾਨ ਕਿਸੇ ਉਦਯੋਗਿਕ ਯੂਨਿਟ ਵੱਲੋ ਕੋਵਿਡ-19 ਦੀਆਂ ਹਦਾਇਤਾਂ ਜਾਂ ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੀ ਹੋਰ ਉਣਤਾਈ ਪਾਈ ਗਈ ਤਾਂ ਉਸ ਉਦਯੋਗਿਕ ਇਕਾਈ ਦੇ ਮਾਲਕ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੇਂਦਰੀ ਸਹਿਕਾਰੀ ਬੈਂਕ ਫਤਹਿਗੜ੍ਹ ਸਾਹਿਬ ਨੇ ਸਹਿਕਾਰੀ ਸਭਾਵਾਂ ਵਿੱਚ ਲਾਏ 10 ਮਾਈਕਰੋ ਏ.ਟੀ.ਐਮ.

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਚੁੱਕਿਆ ਕਦਮ  ਮਾਈਕਰੋ ਏ.ਟੀ.ਐਮ. ਦਾ ਪਿੰਡਾਂ ਦੇ ਲੋਕ ਲੈ ਰਹੇ ਨੇ ਭਰਪੂਰ ਲਾਹਾ

ਮਾਈਕਰੋ ਏ.ਟੀ.ਐਮ. ਤੋਂ ਕਿਸੇ ਵੀ ਬੈਂਕ ਦਾ ਕਾਰਡ ਸਵਾਈਪ ਕਰ ਕੇ ਕਢਵਾਈ ਜਾ ਸਕਦੀ ਹੈ 5000 ਰੁਪਏ ਤੱਕ ਦੀ ਨਕਦੀ

ਹੁਣ ਤੱਕ ਇੱਕ ਹਜ਼ਾਰ ਤੋਂ ਵੀ ਵੱਧ ਲੋਕਾਂ ਨੂੰ ਪੱਚੀ ਲੱਖ ਤੋਂ ਵੀ ਵੱਧ ਰਕਮ ਦੀ ਅਦਾਇਗੀ ਇਨ੍ਹਾਂ ਏ.ਟੀ.ਐਮਾਂ ਰਾਹੀਂ ਕੀਤੀ

ਫ਼ਤਹਿਗੜ੍ਹ ਸਾਹਿਬ, 05 ਮਈ :

ਕੇਂਦਰੀ ਸਹਿਕਾਰੀ ਬੈਂਕ, ਫਤਹਿਗੜ੍ਹ ਸਾਹਿਬ ਵੱਲੋਂ ਜਿਲ੍ਹੇ ਦੀਆਂ ਖੇਤੀਬਾੜੀ ਸਹਿਕਾਰੀ ਸਭਾਵਾਂ, ਜਿਨ੍ਹਾਂ ਵਿੱਚ ਫਤਹਿਗੜ੍ਹ ਨਿਊਆਂ, ਖਮਾਣੋਂ ਕਲਾਂ, ਸੰਘੋਲ, ਕੋਟਲਾ ਪੀਰਜੈਨ, ਬਧੌਛੀ ਕਲਾਂ, ਸਲੇਮਪੁਰ, ਬੁੱਗਾ ਕਲਾਂ, ਮੂਲੇਪੁਰ, ਆਦਮਪੁਰ ਅਤੇ ਫਾਜ਼ੁਲਾਪੁਰ ਸ਼ਾਮਲ ਹਨ, ਵਿੱਚ ਪਿੰਡਾਂ ਦੇ ਲੋਕਾਂ ਦੀਆਂ ਨਕਦੀ ਨੂੰ ਲੈ ਕੇ ਸਮੱਸਿਆਵਾਂ ਦੇ ਹੱਲ ਲਈ ਮਾਈਕਰੋ ਏ.ਟੀ.ਐਮ. ਲਗਵਾਏ ਗਏ ਹਨ । ਇਹ ਜਾਣਕਾਰੀ ਦਿੰਦਿਆਂ ਬੈਂਕ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਭਾਸਕਰ ਕਟਾਰੀਆਂ ਨੇ ਦੱਸਿਆ ਕਿ ਇਹਨਾਂ ਏ.ਟੀ.ਐਮਜ਼ 'ਤੇ ਕਿਸੇ ਵੀ ਬੈਂਕ ਦਾ ਗਾਹਕ 5000 ਰੁਪਏ ਤੱਕ ਦੀ ਨਕਦੀ ਕਿਸੇ ਵੀ ਬੈਂਕ ਦਾ ਏ.ਟੀ.ਐਮ ਕਾਰਡ ਵਾਰਤ ਕੇ ਸਭਾ ਸਕੱਤਰ ਤੋਂ ਨਕਦੀ ਲੈ ਸਕਦਾ ਹੈ।
ਉਪ ਰਜਿਸਟਰਾਰ ਸਹਿਕਾਰੀ ਸਭਾਵਾਂ, ਫ਼ਤਹਿਗੜ੍ਹ ਸਾਹਿਬ ਸ੍ਰੀ ਅਭਿਤੇਸ਼ ਸਿੰਘ ਸੰਧੂ ਨੇ ਦੱਸਿਆ ਕਿ ਇਹਨਾਂ ਮਸ਼ੀਨਾਂ ਨਾਲ ਪਿੰਡਾਂ ਦੇ ਖੇਤੀਬਾੜੀ ਸਹਿਕਾਰੀ ਸਭਾਵਾਂ ਨਾਲ ਜੁੜੇ ਮੈਂਬਰਾਂ ਨੂੰ ਵੱਡਾ ਲਾਹਾ ਮਿਲਿਆ ਹੈ। ਇਸ ਸਹੂਲਤ ਨਾਲ ਕੋਰੋਨਾ ਕਾਰਨ ਕਰਫਿਊ ਦੌਰਾਨ ਪਿੰਡਾਂ ਦੇ ਲੋਕਾਂ ਦੀ ਆਵਾਜਾਈ ਸ਼ਹਿਰਾਂ ਦੇ ਏ.ਟੀ.ਐਮ ਤੱਕ ਨਹੀਂ ਹੋਈ ।
ਸ੍ਰੀ ਸੰਧੂ ਨੇ ਕਿਹਾ ਕਿ ਸਬੰਧਤ ਸਕੱਤਰ ਸਭਾਵਾਂ ਨੂੰ ਇਹ ਨਿਰਦੇਸ਼ ਦਿੱਤੇ ਹੋਏ ਹਨ ਕਿ ਉਹ ਕੋਵਿਡ -19 ਸਬੰਧੀ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਪਾਲਣਾਂ ਕਰਦੇ ਹੋਏ ਹੀ ਲੋਕਾਂ ਨੂੰ ਨਕਦੀ ਦਾ ਭੁਗਤਾਨ ਕਰਨ। ਕਈ ਪਿੰਡਾਂ ਵਿੱਚ ਦਿਵਿਆਂਗਾਂ, ਬਜ਼ੁਰਗ ਗ੍ਰਾਹਕਾਂ ਨੂੰ ਵੀ ਸਬੰਧਤ ਸਕੱਤਰ ਸਭਾਵਾਂ ਵਲੋਂ ਉਹਨਾਂ ਦੇ ਘਰਾਂ ਵਿੱਚ ਹੀ ਇਹਨਾਂ ਏ.ਟੀ.ਐਮਾਂ ਦੀ ਵਰਤੋਂ ਕਰਦੇ ਹੋਏ ਸੇਵਾਵਾਂ ਪ੍ਰਦਾਨ ਕੀਤੀਆਂ ਗਈਆ ਹਨ ਤਾਂ ਜੋ ਕਿਸੇ ਕਿਸਮ ਦੀ ਕੋਈ ਦਿੱਕਤ ਨਾ ਹੋਵੇ । ਹੁਣ ਤੱਕ ਇੱਕ ਹਜ਼ਾਰ ਤੋਂ ਵੀ ਵੱਧ ਲੋਕਾਂ ਨੂੰ ਪੱਚੀ ਲੱਖ ਤੋਂ ਵੀ ਵੱਧ ਰਕਮ ਦੀ ਅਦਾਇਗੀ ਇਹਨਾਂ ਏ.ਟੀ.ਐਮਾਂ ਰਾਹੀਂ ਕੀਤੀ ਜਾ ਚੁੱਕੀ ਹੈ ਅਤੇ ਲੋਕ ਰੋਜ਼ਾਨਾ ਇਹਨਾਂ ਸੇਵਾਵਾ ਦਾ ਪੂਰਾ ਲਾਭ ਉਠਾ ਰਹੇ ਹਨ । ਬੈਂਕ ਦੇ ਮੈਨੇਜਿੰਗ ਡਾਇਰੈਕਟਰ ਅਤੇ ਉਪ ਰਜਿਸਟਰਾਰ ਸਹਿਕਾਰੀ ਸਭਾਵਾਂ ਵੱਲੋਂ ਸ਼ਾਝੇ ਤੌਰ 'ਤੇ ਦੱਸਿਆ ਗਿਆ ਕਿ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਦੀਆਂ ਸਾਰੀਆਂ ਖੇਤੀਬਾੜੀਆਂ ਸਹਿਕਾਰੀ ਸਭਾਵਾਂ ਵਿੱਚ ਅਜਿਹੇ ਮਾਈਕਰੋ ਏ.ਟੀ.ਐਮ ਲਾਉਣ ਦੀ ਤਜਵੀਜ਼ ਵਿਚਾਰ ਅਧੀਨ ਹੈ।